ਰਾਗੁ ਸੂਹੀ ਬਾਣੀ ਸ੍ਰੀ ਰਵਿਦਾਸ ਜੀਉ ਕੀ ੴ ਸਤਿਗੁਰ ਪ੍ਰਸਾਦਿ ॥ ਸਹ ਕੀ ਸਾਰ ਸੁਹਾਗਨਿ ਜਾਨੈ ॥ ਤਜਿ ਅਭਿਮਾਨੁ ਸੁਖ ਰਲੀਆ ਮਾਨੈ ॥ ਤਨੁ ਮਨੁ ਦੇਇ ਨ ਅੰਤਰੁ ਰਾਖੈ ॥ ਅਵਰਾ ਦੇਖਿ ਨ ਸੁਨੈ ਅਭਾਖੈ ॥੧ ॥ ਸੋ ਕਤ ਜਾਨੈ ਪੀਰ ਪਰਾਈ ॥ ਜਾ ਕੈ ਅੰਤਰਿ ਦਰਦੁ ਨ ਪਾਈ ॥੧॥ ਰਹਾਉ ॥ ਦੁਖੀ ਦੁਹਾਗਨਿ ਦੁਇ ਪਖ ਹੀਨੀ ॥ ਜਿਨਿ ਨਾਹ ਨਿਰੰਤਰਿ ਭਗਤਿ ਨ ਕੀਨੀ ॥ ਪੁਰ ਸਲਾਤ ਕਾ ਪੰਥੁ ਦੁਹੇਲਾ ॥ ਸੰਗਿ ਨ ਸਾਥੀ ਗਵਨੁ ਇਕੇਲਾ ॥੨ ॥ ਦੁਖੀਆ ਦਰਦਵੰਦੁ ਦਰਿ ਆਇਆ ॥ ਬਹੁਤੁ ਪਿਆਸ ਜਬਾਬੁ ਨ ਪਾਇਆ ॥ ਕਹਿ ਰਵਿਦਾਸ ਸਰਨਿ ਪ੍ਰਭ ਤੇਰੀ ॥ ਜਿਉ ਜਾਨਹੁ ਤਿਉ ਕਰੁ ਗਤਿ ਮੇਰੀ ॥੩॥੧॥ {ਪੰਨਾ 793}

ਪਦਅਰਥ:- ਸਹ—ਖਸਮ। ਸਾਰ—ਕਦਰ। ਸੁਹਾਗਨਿ—ਸੁਹਾਗ ਵਾਲੀ, ਖਸਮ ਨਾਲ ਪਿਆਰ ਕਰਨ ਵਾਲੀ। ਤਜਿ—ਛੱਡ ਕੇ। ਅੰਤਰੁ—ਵਿੱਥ। ਦੇਇ—ਹਵਾਲੇ ਕਰਦੀ ਹੈ। ਅਭਾਖੈ—ਮੰਦੀ ਪ੍ਰੇਰਨਾ।1।

ਪਰਾਈ ਪੀਰ—ਹੋਰਨਾਂ (ਗੁਰਮੁਖਿ ਸੁਹਾਗਣਾਂ) ਦੀ ਵਿਛੋੜੇ ਦੀ ਪੀੜ। ਜਾ ਕੈ ਅੰਤਰਿ—ਜਿਸ ਦੇ ਹਿਰਦੇ ਵਿਚ। ਦਰਦੁ—ਪ੍ਰਭੂ-ਪਤੀ ਨਾਲੋਂ ਵਿਛੋੜੇ ਦੀ ਪੀੜ।1। ਰਹਾਉ।

ਦੁਇ ਪਖ—ਸਹੁਰਾ ਪੇਕਾ, ਲੋਕ ਪਰਲੋਕ। ਹੀਨੀ—ਵਾਂਜੀ ਹੋਈ। ਜਿਨਿ—ਜਿਸ ਨੇ। ਨਾਹ ਭਗਤਿ—ਖਸਮ-ਪ੍ਰਭੂ ਦੀ ਬੰਦਗੀ। ਨਿਰੰਤਰਿ—ਇੱਕ-ਰਸ। ਪੁਰਸਲਾਤ—{ਪੁਲ ਸਿਰਾਤ} ਮੁਸਲਮਾਨੀ ਖ਼ਿਆਲ ਅਨੁਸਾਰ ਇਹ ਪੁਲ ਦੋਜ਼ਕ ਦੀ ਅੱਗ ਉੱਤੇ ਬਣਿਆ ਹੋਇਆ ਹੈ, ਵਾਲ ਜਿੰਨਾ ਬਰੀਕ ਹੈ, ਹਰੇਕ ਨੂੰ ਇਸ ਦੇ ਉੱਤੋਂ ਦੀ ਲੰਘਣਾ ਪੈਂਦਾ ਹੈ। ਦੁਹੇਲਾ—ਔਖਾ।2।

ਦਰਿ—ਪ੍ਰਭੂ ਦੇ ਦਰ ਤੇ। ਪਿਆਸ—ਦਰਸਨ ਦੀ ਤਾਂਘ। ਜਬਾਬੁ—ਉੱਤਰ। ਗਤਿ—ਉੱਚੀ ਆਤਮਕ ਹਾਲਤ।3।

ਅਰਥ:- ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ ਤੋਂ ਵਿਛੋੜੇ ਦਾ ਸੱਲ ਨਹੀਂ ਉੱਠਿਆ, ਉਹ ਹੋਰਨਾਂ (ਗੁਰਮੁਖਿ ਸੁਹਾਗਣਾਂ) ਦੇ ਦਿਲ ਦੀ (ਇਹ) ਪੀੜ ਕਿਵੇਂ ਸਮਝ ਸਕਦੀ ਹੈ?।1। ਰਹਾਉ।

ਖਸਮ-ਪ੍ਰਭੂ (ਦੇ ਮਿਲਾਪ) ਦੀ ਕਦਰ ਖਸਮ ਨਾਲ ਪਿਆਰ ਕਰਨ ਵਾਲੀ ਹੀ ਜਾਣਦੀ ਹੈ, ਉਹ ਅਹੰਕਾਰ ਛੱਡ ਕੇ (ਪ੍ਰਭੂ-ਚਰਨਾਂ ਵਿਚ ਜੁੜ ਕੇ ਉਸ ਮਿਲਾਪ ਦਾ) ਸੁਖ-ਆਨੰਦ ਮਾਣਦੀ ਹੈ, ਆਪਣਾ ਤਨ ਮਨ ਖਸਮ-ਪ੍ਰਭੂ ਦੇ ਹਵਾਲੇ ਕਰ ਦੇਂਦੀ ਹੈ, ਪ੍ਰਭੂ-ਪਤੀ ਨਾਲੋਂ (ਕੋਈ) ਵਿੱਥ ਨਹੀਂ ਰੱਖਦੀ; ਨਾਂਹ ਕਿਸੇ ਹੋਰ ਦਾ ਆਸਰਾ ਤੱਕਦੀ ਹੈ, ਤੇ ਨਾਹ ਕਿਸੇ ਦੀ ਮੰਦ ਪ੍ਰੇਰਨਾ ਸੁਣਦੀ ਹੈ।1।

ਪਰ ਜਿਸ ਜੀਵ-ਇਸਤ੍ਰੀ ਨੇ ਖਸਮ-ਪ੍ਰਭੂ ਦੀ ਬੰਦਗੀ ਇੱਕ-ਰਸ ਨਹੀਂ ਕੀਤੀ, ਉਹ ਛੁੱਟੜ ਦੁਖੀ ਰਹਿੰਦੀ ਹੈ, ਸਹੁਰੇ ਪੇਕੇ (ਲੋਕ ਪਰਲੋਕ) ਦੋਹਾਂ ਥਾਵਾਂ ਤੋਂ ਵਾਂਜੀ ਰਹਿੰਦੀ ਹੈ; ਜੀਵਨ ਦਾ ਇਹ ਰਸਤਾ (ਜੋ) ਪੁਰਸਲਾਤ (ਸਮਾਨ ਹੈ, ਉਸ ਲਈ) ਬੜਾ ਔਖਾ ਹੋ ਜਾਂਦਾ ਹੈ, (ਇਥੇ ਦੁੱਖਾਂ ਵਿਚ) ਕੋਈ ਸੰਗੀ ਕੋਈ ਸਾਥੀ ਨਹੀਂ ਬਣਦਾ, (ਜੀਵਨ-ਸਫ਼ਰ ਦਾ) ਸਾਰਾ ਪੈਂਡਾ ਇਕੱਲਿਆਂ ਹੀ (ਲੰਘਣਾ ਪੈਂਦਾ ਹੈ)।2।

ਹੇ ਪ੍ਰਭੂ! ਮੈਂ ਦੁਖੀ ਮੈਂ ਦਰਦਵੰਦਾ ਤੇਰੇ ਦਰ ਤੇ ਆਇਆ ਹਾਂ, ਮੈਨੂੰ ਤੇਰੇ ਦਰਸਨ ਦੀ ਬੜੀ ਤਾਂਘ ਹੈ (ਪਰ ਤੇਰੇ ਦਰ ਤੋਂ) ਕੋਈ ਉੱਤਰ ਨਹੀਂ ਮਿਲਦਾ। ਰਵਿਦਾਸ ਆਖਦਾ ਹੈ—ਹੇ ਪ੍ਰਭੂ! ਮੈਂ ਤੇਰੀ ਸ਼ਰਨ ਆਇਆ ਹਾਂ, ਜਿਵੇਂ ਭੀ ਹੋ ਸਕੇ, ਤਿਵੇਂ ਮੇਰੀ ਹਾਲਤ ਸਵਾਰ ਦੇਹ।3।

ਸ਼ਬਦ ਦਾ ਭਾਵ:- ਪਰਮਾਤਮਾ ਦੀ ਭਗਤੀ ਦੀ ਦਾਤਿ ਵਾਸਤੇ ਪ੍ਰਭੂ-ਦਰ ਤੋਂ ਮੰਗ।